ਪੰਜਾਬ ਸਰਕਾਰ
ਭਲਾਈ ਵਿਭਾਗ
(ਰਿਜ਼ਰਵੇਸ਼ਨ ਸੈਲ)

ਵਿਸ਼ਾ:- ਪੰਚਾਇਤੀ ਰਾਜ ਇੰਸਟੀਚਿਊਟ ਸਕੀਮ ਅਧੀਨ ਡਾਕਟਰਾਂ/ਟੀਚਰਾਂ ਆਦਿ ਦੀ ਭਰਤੀ ਸਮੇਂ ਰਾਜ ਦੀ ਰਾਖਵਾਂਕਰਨ ਨੀਤੀ ਲਾਗੂ ਕਰਨ ਬਾਰੇ।

ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਮਾਲ ਵਿਭਾਗ, ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਪੰਚਾਇਤ ਵਿਭਾਗ ਅਤੇ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਕਿਰਪਾ ਕਰਕੇ ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕਰਨ।

2. ਉਨ੍ਹਾਂ ਨੂੰ ਪਤਾ ਹੀ ਹੈ ਕਿ ਇਸ ਸਮੇਂ ਰਾਜ ਸਰਕਾਰ ਦੀਆਂ ਸੇਵਾਵਾਂ ਵਿੱਚ ਅਨੁਸੂਚਿਤ-ਜ਼ਾਤੀਆਂ ਨੂੰ ਭਲਾਈ ਵਿਭਾਗ ਵਲੋਂ ਮਿਤੀ 6-6-1975 ਨੂੰ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ 25% ਅਤੇ ਪਛੜੀਆਂ-ਸ੍ਰੇਣੀਆਂ ਨੂੰ ਭਲਾਈ ਵਿਭਾਗ ਦੀਆਂ ਹਦਾਇਤਾਂ ਮਿਤੀ 3●-12-96 ਅਨੁਸਾਰ 12% ਰਾਖਵਾਂਕਰਨ ਦਿੱਤਾ ਜਾ ਰਿਹਾ ਹੈ। ਇਹ ਰਾਖਵਾਂਕਰਨ ਭਲਾਈ ਵਿਭਾਗ ਦੀਆਂ ਹਦਾਇਤਾਂ ਪੱਤਰ ਨੰ: 1/9/2●●4 -ਰਸ1/931-934 ਮਿਤੀ 11-8-2●●4 ਅਨੁਸਾਰ ਰੈਗੂਲਰ, ਤਦ ਅਰਥ ਆਧਾਰ ਤੇ, ਡੈਪੂਟੇਸ਼ਨ, 89 ਦਿਨਾਂ ਲਈ, ਠੇਕੇ ਤੇ ਅਤੇ ਦਿਹਾੜੀਦਾਰ ਕਾਮਿਆਂ ਆਦਿ ਦੀ ਭਰਤੀ ਸਮੇਂ ਵੀ ਲਾਗੂ ਹੁੰਦਾ ਹੈ। ਸਰਕਾਰੀ ਦਫਤਰਾਂ ਤੋਂ ਇਲਾਵਾ ਇਹ ਰਾਖਵਾਂਕਰਨ ਬੋਰਡਾਂ, ਕਾਰਪੋਰੇਸ਼ਨਾਂ, ਮਿਊਂਸਪਲ ਕਮੇਟੀਆਂ, ਮਿਊਂਸਪਲ ਕਾਰਪੋਰੇਸ਼ਨਾਂ, ਜ਼ਿਲ੍ਹਾ ਪ੍ਰੀਸ਼ਦਾਂ, ਯੂਨੀਵਰਸਿਟੀਆਂ ਆਦਿ ਵਿੱਚ ਵੀ ਭਰਤੀ ਸਮੇਂ ਲਾਗੂ ਹੈ। ਪੰਚਾਇਤੀ ਰਾਜ ਇੰਸਟੀਚਿਊਟ ਸਕੀਮ ਅਧੀਨ ਕੀਤੀ ਜਾਣ ਵਾਲੀ ਹਰ ਕਿਸਮ ਦੀ ਭਰਤੀ ਤੇ ਵੀ ਰਾਖਵਾਂਕਰਨ ਨੀਤੀ ਲਾਗੂ ਹੈ।

3. ਇਸ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਉਨ੍ਹਾਂ ਦੇ ਵਿਭਾਗਾਂ ਅਤੇ ਉਨ੍ਹਾਂ ਅਧੀਨ ਆਉਂਦੇ ਦਫਤਰਾਂ ਅਤੇ ਸੰਸਥਾਵਾਂ ਵਿੱਚ ਪੰਚਾਇਤੀ ਰਾਜ ਇੰਸਟੀਚਿਊਟ ਸਕੀਮ ਅਧੀਨ ਕੀਤੀ ਜਾਣ ਵਾਲੀ ਡਾਕਟਰਾਂ/ਟੀਚਰਾਂ, ਦਿਹਾੜੀਦਾਰਾਂ, ਚੋਕੀਦਾਰਾਂ ਅਤੇ ਹੋਰ ਕਿਸਮ ਦੀ ਭਰਤੀ ਸਮੇਂ ਪੰਜਾਬ ਰਾਜ ਦੀ ਰਾਖਵਾਂਕਰਨ ਨੀਤੀ ਲਾਗੂ ਕਰਨ/ਕਰਵਾਉਣ ਦੀ ਖੇਚਲ ਕੀਤੀ ਜਾਵੇ, ਤਾਂ ਜੋ ਅਨੁਸੂਚਿਤ-ਜ਼ਾਤੀਆਂ /ਪਛੜੀਆਂ-ਸ੍ਰੇਣੀਆਂ ਨੂੰ ਇਨ੍ਹਾਂ ਸੇਵਾਵਾਂ ਵਿੱਚ ਵੀ ਯੋਗ ਪ੍ਰਤੀਨਿਧਤਾ ਮਿਲ ਸਕੇ। ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ/ ਕਰਵਾਈ ਜਾਵੇ ਜੀ।

ਸੰਯੁਕਤ ਸਕੱਤਰ ਭਲਾਈ

ਸੇਵਾ ਵਿਖੇ,

(1) ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਮਾਲ ਵਿਭਾਗ।
(2) ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਪੰਚਾਇਤਾਂ ਵਿਭਾਗ।
(3) ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ।

4. ਪ੍ਰਮੁੱਖ ਸਕੱਤਰ................, ਪੰਜਾਬ ਸਰਕਾਰ, ਸਿੱਖਿਆ ਵਿਭਾਗ (ਸ)।

ਅੰ: ਵਿ:ਪੱ:ਨੰ: 1/8/●6-ਰਸ1/ 543-546 ਮਿਤੀ: 22-3-●6
ਪਿਠ ਅੰ: ਨੰ: 1/8/●6-ਰਸ1/ 547 ਮਿਤੀ: 22-3-●6

ਇਸ ਦਾ ਇਕ ਉਤਾਰਾ ਰਾਜ ਦੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ/ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇ।

ਸੰਯੁਕਤ ਸਕੱਤਰ ਭਲਾਈ